ਧਨਾਸਰੀ ਮਹਲਾ ੪ ॥ ਹਰਿ ਕਾ ਸੰਤੁ ਸਤਗੁਰੁ ਸਤ ਪੁਰਖਾ ਜੋ ਬੋਲੈ ਹਰਿ ਹਰਿ ਬਾਨੀ ॥ ਜੋ ਜੋ ਕਹੈ ਸੁਣੈ ਸੋ ਮੁਕਤਾ ਹਮ ਤਿਸ ਕੈ ਸਦ ਕੁਰਬਾਨੀ ॥ ੧॥ ਹਰਿ ਕੇ ਸੰਤ ਸੁਨਹੁ ਜਸੁ ਕਾਨੀ ॥ ਹਰਿ ਹਰਿ ਕਥਾ ਸੁਨਹੁ ਇਕ ਨਿਮਖ ਪਲ ਸਭਿ ਕਿਲਵਿਖ ਪਾਪ ਲਹਿ ਜਾਨੀ ॥੧॥ ਰਹਾਉ ॥ ਐਸਾ ਸੰਤੁ ਸਾਧੁ ਜਿਨ ਪਾਇਆ ਤੇ ਵਡ ਪੁਰਖ ਵਡਾਨੀ ॥ ਤਿਨ ਕੀ ਧੂਰਿ ਮੰਗਹ ਪ੍ਰਭ ਸੁਆਮੀ ਹਮ ਹਰਿ ਲੋਚ ਲੁਚਾਨੀ ॥੨॥ ਹਰਿ ਹਰਿ ਸਫਲਿਓ ਬਿਰਖੁ ਪ੍ਰਭ ਸੁਆਮੀ ਜਿਨ ਜਪਿਓ ਸੇ ਤ੍ਰਿਪਤਾਨੀ ॥ ਹਰਿ ਹਰਿ ਅੰਮ੍ਰਿਤੁ ਪੀ ਤ੍ਰਿਪਤਾਸੇ ਸਭ ਲਾਥੀ ਭੂਖ ਭੁਖਾਨੀ ॥ ੩॥ ਜਿਨ ਕੇ ਵਡੇ ਭਾਗ ਵਡ ਊਚੇ ਤਿਨ ਹਰਿ ਜਪਿਓ ਜਪਾਨੀ ॥ ਤਿਨ ਹਰਿ ਸੰਗਤਿ ਮੇਲਿ ਪ੍ਰਭ ਸੁਆਮੀ ਜਨ ਨਾਨਕ ਦਾਸ ਦਸਾਨੀ ॥ ੪॥੩॥

{ਪੰਨਾ 667}

ਪਦਅਰਥ:- ਸਤੁ ਪੁਰਖਾ—ਮਹਾ ਪੁਰਖ। ਹਰਿ ਬਾਨੀ—ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ। ਬੋਲੈ—ਉਚਾਰਦਾ ਹੈ। ਮੁਕਤਾ—ਵਿਕਾਰਾਂ ਤੋਂ ਸੁਤੰਤਰ। ਸਦ—ਸਦਾ।1।

ਜਸੁ—ਸਿਫ਼ਤਿ-ਸਾਲਾਹ। ਕਾਨੀ—ਕੰਨਾਂ ਨਾਲ, ਧਿਆਨ ਨਾਲ। ਨਿਮਖ—{inmy—} ਅੱਖ ਝਮਕਣ ਜਿਤਨਾ ਸਮਾ। ਸਭਿ—ਸਾਰੇ। ਕਿਲਵਿਖ—ਪਾਪ।1।

ਸਾਧੁ—ਗੁਰੂ। ਜਿਨ—ਜਿਨ੍ਹਾਂ ਨੇ। ਤੇ—ਉਹ {ਬਹੁ-ਵਚਨ}। ਵਡ ਵਡਾਨੀ—ਵੱਡੇ। ਮੰਗਹ—ਅਸੀਂ ਮੰਗਦੇ ਹਾਂ। ਧੂਰਿ—ਚਰਨ-ਧੂੜ। ਲੋਚ ਲੁਚਾਨੀ—ਤਾਂਘ ਲੱਗੀ ਹੋਈ ਹੈ।2।

ਸਫਲਿਓ—ਫਲ ਦੇਣ ਵਾਲਾ। ਬਿਰਖੁ—ਰੁੱਖ। ਸੇ—ਉਹ ਮਨੁੱਖ {ਬਹੁ-ਵਚਨ}। ਤ੍ਰਿਪਤਾਨੀ—ਰੱਜ ਗਏ। ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ। ਪੀ—ਪੀ ਕੇ। ਤ੍ਰਿਪਤਾਸੇ—ਰੱਜ ਗਏ। ਸਭ ਭੂਖ—ਸਾਰੀ ਭੁੱਖ।3।

ਜਪਾਨੀ—ਜਾਪ। ਪ੍ਰਭ—ਹੇ ਪ੍ਰਭੂ! ਦਾਸ ਦਸਾਨੀ—ਦਾਸਾਂ ਦਾ ਦਾਸ।4।

ਅਰਥ:- ਹੇ ਪਰਮਾਤਮਾ ਦੇ ਸੰਤ ਜਨੋ! ਪਰਮਾਤਮਾ ਦੀ ਸਿਫ਼ਤਿ-ਸਾਲਾਹ ਧਿਆਨ ਨਾਲ ਸੁਣਿਆ ਕਰੋ। ਅੱਖ ਝਮਕਣ ਜਿਤਨੇ ਸਮੇ ਵਾਸਤੇ, ਇਕ ਪਲ ਵਾਸਤੇ ਭੀ ਜੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਸੁਣੋ, ਤਾਂ ਸਾਰੇ ਪਾਪ ਦੋਖ ਲਹਿ ਜਾਂਦੇ ਹਨ।1।

ਹੇ ਭਾਈ! ਗੁਰੂ ਮਹਾਂ ਪੁਰਖ ਹੈ, ਗੁਰੂ ਪਰਮਾਤਮਾ ਦਾ ਸੰਤ ਹੈ, ਜੇਹੜਾ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ ਉਚਾਰਦਾ ਹੈ। ਜੇਹੜਾ ਜੇਹੜਾ ਮਨੁੱਖ ਇਸ ਬਾਣੀ ਨੂੰ ਪੜ੍ਹਦਾ ਸੁਣਦਾ ਹੈ, ਉਹ ਪਾਪਾਂ ਤੋਂ ਮੁਕਤ ਹੋ ਜਾਂਦਾ ਹੈ। ਹੇ ਭਾਈ! ਮੈਂ ਉਸ ਗੁਰੂ ਤੋਂ ਸਦਾ ਸਦਕੇ ਹਾਂ।1।

ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਅਜੇਹਾ ਸੰਤ ਗੁਰੂ ਲੱਭ ਲਿਆ ਹੈ, ਉਹ ਵੱਡੇ ਮਨੁੱਖ (ਉੱਚੇ ਜੀਵਨ ਵਾਲੇ ਮਨੁੱਖ) ਬਣ ਗਏ ਹਨ। ਹੇ ਪ੍ਰਭੂ! ਹੇ ਸੁਆਮੀ! ਹੇ ਹਰੀ! ਮੈਂ ਉਹਨਾਂ ਦੇ ਚਰਨਾਂ ਦੀ ਧੂੜ ਮੰਗਦਾ ਹਾਂ, ਮੈਨੂੰ ਉਹਨਾਂ ਦੀ ਚਰਨ ਧੂੜ ਦੀ ਤਾਂਘ ਹੈ।2।

ਹੇ ਪ੍ਰਭੂ! ਹੇ ਸੁਆਮੀ! ਹੇ ਹਰੀ! ਤੂੰ ਸਾਰੇ ਫਲ ਦੇਣ ਵਾਲਾ (ਮਾਨੋ) ਰੁੱਖ ਹੈਂ। ਜਿਨ੍ਹਾਂ ਮਨੁੱਖਾਂ ਨੇ ਤੇਰਾ ਨਾਮ ਜਪਿਆ, ਉਹ (ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜ ਗਏ। ਹੇ ਹਰੀ! ਤੇਰਾ ਨਾਮ ਆਤਮਕ ਜੀਵਨ ਦੇਣ ਵਾਲਾ ਜਲ ਹੈ, (ਭਾਗਾਂ ਵਾਲੇ ਮਨੁੱਖ ਇਹ ਜਲ) ਪੀ ਕੇ ਤ੍ਰਿਪਤ ਹੋ ਜਾਂਦੇ ਹਨ, ਉਹਨਾਂ ਦੀ ਹੋਰ ਸਾਰੀ ਭੁੱਖ ਲਹਿ ਜਾਂਦੀ ਹੈ।3।

ਹੇ ਭਾਈ! ਜਿਨ੍ਹਾਂ ਮਨੁੱਖਾਂ ਦੇ ਵੱਡੇ ਉੱਚੇ ਭਾਗ ਹੁੰਦੇ ਹਨ, ਉਹ ਪਰਮਾਤਮਾ ਦੇ ਨਾਮ ਦਾ ਜਾਪ ਜਪਦੇ ਹਨ। ਹੇ ਦਾਸ ਨਾਨਕ! (ਆਖ—) ਹੇ ਹਰੀ! ਹੇ ਪ੍ਰਭੂ! ਹੇ ਸੁਆਮੀ! ਮੈਨੂੰ ਉਹਨਾਂ ਦੀ ਸੰਗਤਿ ਵਿਚ ਮੇਲੀ ਰੱਖ, ਮੈਨੂੰ ਉਹਨਾਂ ਦੇ

ਦਾਸਾਂ ਦਾ ਦਾਸ ਬਣਾ ਦੇ।4।3।